# ਪਿੰਡ ਪੋਨਾ ਦੀ ਸਰਪੰਚੀ ਦੀ ਚੋਣ 'ਚ ਨਗਰ ਵਾਸੀਆਂ ਨੇ ਵਧ-ਚੜ੍ਹ ਕੇ ਕੀਤੀ ਵੋਟਿੰਗ

ਚੌਂਕੀਮਾਨ, 8 ਦਸੰਬਰ (ਤੇਜਿੰਦਰ ਸਿੰਘ ਚੱਢਾ)-ਪਿੰਡ ਪੋਨਾ ਦੀ ਰੱਦ ਹੋਈ ਸਰਪੰਚੀ ਦੀ ਚੋਣ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਪ੍ਰਸ਼ਾਸਨ ਵਲੋਂ ਕਰਵਾਈ ਗਈ ਤੇ ਜਗਰਾਉਂ ਸਦਰ ਥਾਣਾ ਦੇ ਐੱਸ. ਐੱਚ. ਓ. ਸੁਰਜੀਤ ਸਿੰਘ ਦੀ ਅਗਵਾਈ 'ਚ ਪੁਲਿਸ ਪਾਰਟੀ ਨੇ ਚੋਣ ਦੀ ਨਿਗਰਾਨੀ ਰੱਖੀ ਤੇ ਚੋਣਾਂ ਸ਼ਾਂਤਮਈ ਢੰਗ ਨਾਲ ਕਰਵਾਈਆਂ। ਇਸ ਮੌਕੇ ਪਿੰਡ ਪੋਨਾ ਦੇ ਸਰਪੰਚੀ ਦੇ ਉਮੀਦਵਾਰ ਹਰਪ੍ਰੀਤ ਸਿੰਘ ਰਾਜੂ ਪੋਨਾ (ਉੱਘੇ ਕਾਰੋਬਾਰੀ ਤੇ ਸਮਾਜ ਸੇਵੀ) ਨੇ ਕਿਹਾ ਕਿ ਸਮੁੱਚੇ ਨਗਰ ਵਲੋਂ ਅੱਜ ਵਧ-ਚੜ੍ਹ ਕੇ ਸਰਪੰਚੀ ਦੀ ਹੋ ਰਹੀ ਚੋਣ 'ਚ ਵੋਟਿੰਗ ਕੀਤੀ, ਜਿਸ ਲਈ ਉਕਤ ਆਗੂਆਂ ਨੇ ਧੰਨਵਾਦ ਕੀਤਾ। ਇਸ ਮੌਕੇ ਬੀਬੀ ਜੋਗਿੰਦਰ ਕੌਰ, ਪ੍ਰਧਾਨ ਦਲਜੀਤ ਸਿੰਘ, ਧਰਮ ਸਿੰਘ, ਤੇਜਿੰਦਰ ਸਿੰਘ, ਬਲਜੀਤ ਸਿੰਘ, ਦਲਵੀਰ ਸਿੰਘ, ਅਜੈਬ ਸਿੰਘ, ਜਸਮੇਲ ਸਿੰਘ, ਜੋਗਿੰਦਰ ਸਿੰਘ, ਬਾਬਾ ਹਰਨੇਕ ਸਿੰਘ, ਨੰਬਰਦਾਰ ਪੂਰਨ ਸਿੰਘ, ਨੰਬਰਦਾਰ ਬਲਵਿੰਦਰ ਸਿੰਘ, ਨੰਬਰਦਾਰ ਜਤਿੰਦਰ ਸਿੰਘ, ਨੰਬਰਦਾਰ ਰਾਜਵਿੰਦਰ ਸਿੰਘ, ਮਲਕੀਤ ਸਿੰਘ, ਕੁਲਵੰਤ ਸਿੰਘ, ਕੁਲਦੀਪ ਸਿੰਘ, ਸਰਬਜੀਤ ਸਿੰਘ, ਗੁਰਪ੍ਰੀਤ ਸਿੰਘ, ਇਕਬਾਲ ਸਿੰਘ, ਜਗਜੀਤ ਸਿੰਘ, ਪੰਚ ਕੁਲਦੀਪ ਸਿੰਘ, ਗਗਨ ਸਿੰਘ, ਰੁਪਿੰਦਰ ਸਿੰਘ ਧਾਲੀਵਾਲ, ਬਸੰਤ ਸਿੰਘ ਧਾਲੀਵਾਲ, ਰੂਪ ਸਿੰਘ, ਕਰਮਜੀਤ ਸਿੰਘ, ਗੁਰਜੀਤ ਸਿੰਘ, ਸੰਤ ਸਿੰਘ ਸਰਬਜੀਤ ਸਿੰਘ, ਗਗਨ ਪੰਡਿਤ, ਪ੍ਰੀਤਮ ਦਾਸ, ਬਲਦੇਵ ਸਿੰਘ, ਬਲਜਿੰਦਰ ਸਿੰਘ, ਸੋਨੀ ਪੋਨਾ, ਰਾਜਵਿੰਦਰ ਸਿੰਘ ਰਾਜੂ, ਪ੍ਰਧਾਨ ਜਗਜੀਤ ਸਿੰਘ, ਪ੍ਰਧਾਨ ਸੁਖਰਾਜਵੀਰ ਸਿੰਘ, ਕਸ਼ਮੀਰ ਸਿੰਘ, ਬਹਾਰਵੀਰ ਸਿੰਘ, ਸੁਖਦੀਪ ਸਿੰਘ, ਪੰਡਿਤ ਰਾਮਪਾਲ, ਸੰਤ ਸਿੰਘ, ਸਿਵ ਕੁਮਾਰ ਪੋਨਾ ਆਦਿ ਹਾਜ਼ਰ ਸਨ।



ਪਿੰਡ ਪੋਨਾ ਦੇ ਸਰਪੰਚੀ ਦੇ ਉਮੀਦਵਾਰ ਹਰਪ੍ਰੀਤ ਸਿੰਘ ਰਾਜੂ ਪੋਨਾ ਦੇ ਪੋਲਿੰਗ ਬੂਥ 'ਤੇ ਸਾਬਕਾ ਸਰਪੰਚ ਗੁਰਬਿੰਦਰ ਸਿੰਘ ਪੋਨਾ, ਜਸਵੀਰ ਸਿੰਘ ਜੱਸੂ ਪੋਨਾ, ਬੀਬੀ ਜੋਗਿੰਦਰ ਕੌਰ, ਸਕੱਤਰ ਗੁਰਪ੍ਰੀਤ ਸਿੰਘ ਪੋਨਾ, ਸ਼ਿਵ ਕੁਮਾਰ ਪੋਨਾ ਤੇ ਵੱਡੀ ਗਿਣਤੀ ਵਿਚ ਸਮਰਥਕ (ਸੱਜੇ) ਪੁਲਿਸ ਮੁਲਾਜ਼ਮ ਨਿਗਰਾਨੀ ਕਰਦੇ ਹੋਏ। ਤਸਵੀਰਾਂ : ਤੇਜਿੰਦਰ ਸਿੰਘ ਚੱਢਾ

## ਪਿੰਡ ਪੋਨਾ ਦੇ ਹਰਪ੍ਰੀਤ ਸਿੰਘ ਰਾਜੂ ਪੋਨਾ ਬਣੇ ਸਰਪੰਚ

### ਆਪਣੇ ਵਿਰੋਧੀ ਉਮੀਦਵਾਰ ਨੂੰ 589 ਵੋਟਾਂ ਦੇ ਵੱਡੇ ਫਰਕ ਨਾਲ ਹਰਾਇਆ

ਚੌਂਕੀਮਾਨ-ਪਿੰਡ ਪੋਨਾ ਦੀ ਹੋਈ ਸਰਪੰਚੀ ਦੀ ਚੋਣ 'ਚ ਨਗਰ ਨਿਵਾਸੀਆਂ ਦੇ ਸਾਂਝੇ ਉਮੀਦਵਾਰ ਹਰਪ੍ਰੀਤ ਸਿੰਘ ਰਾਜੂ ਪੋਨਾ (ਉੱਘੇ ਕਾਰੋਬਾਰੀ ਤੇ ਸਮਾਜ ਸੇਵੀ) ਨੇ ਆਪਣੇ ਵਿਰੋਧੀ ਉਮੀਦਵਾਰ ਕੁਲਵੰਤ ਸਿੰਘ ਪੋਨਾ ਨੂੰ 589 ਵੋਟਾਂ ਦੇ ਵੱਡੇ ਫਰਕ ਨਾਲ ਹਰਾਇਆ। ਦੱਸਣਯੋਗ ਹੈ ਕਿ ਪਿਛਲੀਆਂ ਲੰਘੀਆਂ ਪੰਚਾਇਤੀ ਚੋਣਾਂ ਦੌਰਾਨ ਪਿੰਡ ਪੋਨਾ ਦੀ ਸਰਪੰਚੀ ਦੀ ਚੋਣ ਰੱਦ ਕਰ ਦਿੱਤੀ ਗਈ ਸੀ। ਇਸ ਮੌਕੇ ਸਾਬਕਾ ਸਰਪੰਚ ਗੁਰਬਿੰਦਰ ਸਿੰਘ ਪੋਨਾ, ਸਮਾਜ ਸੇਵੀ ਜਸਵੀਰ ਸਿੰਘ ਜੱਸੂ ਪੋਨਾ, ਸਾਬਕਾ ਸਰਪੰਚ ਬੀਬੀ ਪਰਮਜੀਤ ਕੌਰ ਜਵੰਦਾ, ਬੀਬੀ ਜੋਗਿੰਦਰ ਕੌਰ, ਸਕੱਤਰ ਗੁਰਪ੍ਰੀਤ ਸਿੰਘ ਪੋਨਾ, ਪ੍ਰਧਾਨ ਬਲਜੀਤ ਸਿੰਘ ਪੋਨਾ, ਪ੍ਰਧਾਨ ਦਲਜੀਤ ਸਿੰਘ ਪੋਨਾ, ਸਿਵ ਕੁਮਾਰ ਪੋਨਾ, ਧਰਮ ਸਿੰਘ, ਗੁਰਸੇਵਕ ਸਿੰਘ ਅਤੇ ਗਗਨ ਪੋਨਾ, ਸਤਨਾਮ ਸਿੰਘ, ਸਹਿਨਾਜ ਕੌਰ, ਲੱਕੀ ਪੰਡਿਤ, ਪਵਨਜੀਤ ਕੌਰ, ਕਿਰਨਦੀਪ ਕੌਰ, ਜਗਮੇਲ ਸਿੰਘ (ਸਾਰੇ ਪੰਚ) ਨੇ ਦੱਸਿਆ ਕਿ ਹਰਪ੍ਰੀਤ ਸਿੰਘ ਰਾਜੂ ਪੋਨਾ ਨੂੰ 673 ਵੋਟ ਤੇ ਵਿਰੋਧੀ ਉਮੀਦਵਾਰ ਕੁਲਵੰਤ ਸਿੰਘ ਪੋਨਾ ਨੂੰ 84 ਵੋਟਾਂ ਪਈਆਂ। ਇਸ ਮੌਕੇ ਨਵੇਂ ਬਣੇ ਸਰਪੰਚ ਹਰਪ੍ਰੀਤ ਸਿੰਘ ਰਾਜੂ ਪੋਨਾ ਨੇ ਸਮੁੱਚੇ ਨਗਰ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਸੇਵਾ ਕਰਨ ਦਾ ਮੌਕਾ ਦਿੱਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜਗਰਾਉਂ ਹਲਕੇ ਦੇ ਇੰਚਾਰਜ ਸਾਬਕਾ ਵਿਧਾਇਕ ਐੱਸ. ਆਰ. ਕਲੇਰ, ਕਾਂਗਰਸ ਪਾਰਟੀ ਦੇ ਜਗਰਾਉਂ ਹਲਕੇ ਦੇ ਇੰਚਾਰਜ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ, ਚੇਅਰਮੈਨ ਦੀਦਾਰ ਸਿੰਘ ਮਲਕ, ਚੇਅਰਮੈਨ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਕਰਨਜੀਤ ਸਿੰਘ ਸੋਨੀ ਗਾਲਿਬ, ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ, ਪ੍ਰਧਾਨ ਕਮਲਜੀਤ ਸਿੰਘ ਮੱਲ੍ਹਾ, ਪ੍ਰਧਾਨ ਬਿੰਦਰ ਮਨੀਲਾ ਸਮੇਤ ਵੱਖ-ਵੱਖ ਆਗੂਆਂ ਨੇ ਹਰਪ੍ਰੀਤ ਸਿੰਘ ਰਾਜੂ ਪੋਨਾ ਨੂੰ ਵਧਾਈ ਦਿੱਤੀ।


ਪਿੰਡ ਪੋਨਾ ਦੇ ਨਵੇਂ ਬਣੇ ਸਰਪੰਚ ਹਰਪ੍ਰੀਤ ਸਿੰਘ ਰਾਜੂ ਪੋਨਾ


ਨੂਰਾ ਮਾਹੀ ਬੱਸ ਸਟੈਂਡ ਰਾਏਕੋਟ ਸਾਹਮਣੇ ਬੀ. ਕੇ. ਯੂ. (ਉਗਰਾਹਾਂ) ਦੇ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਤੇ ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਸੇਖੋਂ ਦੀ ਅਗਵਾਈ ਹੇਠ ਪੁਤਲਾ ਫੂਕਦੇ ਹੋਏ। ਤਸਵੀਰ : ਬਲਵਿੰਦਰ ਸਿੰਘ ਲਿੱਤਰ

# ਕਿਸਾਨਾਂ 'ਤੇ ਪੁਲਿਸ ਵਲੋਂ ਜਬਰ ਖ਼ਿਲਾਫ਼ ਰਾਏਕੋਟ ਵਿਖੇ ਕੇਂਦਰ ਤੇ ਹਰਿਆਣਾ ਸਰਕਾਰ ਦਾ ਪੁਤਲਾ ਫੂਕਿਆ

- **ਦਿੱਲੀ ਵੱਲ ਪੈਦਲ ਜਾ ਰਹੇ ਕਿਸਾਨਾਂ 'ਤੇ ਹਰਿਆਣਾ ਪੁਲਿਸ ਵਲੋਂ ਤਸ਼ੱਦਦ ਕਰਨਾ ਸ਼ਾਂਤਮਈ ਸੰਘਰਸ਼ ਦੇ ਹੱਕ ਖੋਹਣ ਬਰਾਬਰ-ਨੂਰਪੁਰਾ/ਸੇਖੋਂ**

ਰਾਏਕੋਟ, 8 ਦਸੰਬਰ (ਬਲਵਿੰਦਰ ਸਿੰਘ ਲਿੱਤਰ)-ਭਖ਼ਦੇ ਕਿਸਾਨੀ ਮਸਲਿਆਂ ਲਈ ਮਹੀਨਿਆਂਬੱਧੀ ਪੱਕੇ ਮੋਰਚੇ ਨੂੰ ਕੇਂਦਰੀ ਭਾਜਪਾ ਸਰਕਾਰ ਵਲੋਂ ਨਜ਼ਰਅੰਦਾਜ਼ ਕੀਤੇ ਜਾਣ ਕਾਰਨ ਦਿੱਲੀ ਵੱਲ ਪੈਦਲ ਜਾ ਰਹੇ ਕਿਸਾਨਾਂ ਨੂੰ ਹਰਿਆਣਾ ਪੁਲਿਸ ਵਲੋਂ ਅੱਥਰੂ ਗੈਸ ਦੇ ਗੋਲੇ ਮਾਰ ਕੇ ਜ਼ਖ਼ਮੀ ਕਰਨ ਨਾਲ ਸ਼ਾਂਤਮਾਈ ਸੰਘਰਸ਼ ਦਾ ਹੱਕ ਖੋਹੇ ਜਾਣ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵਲੋਂ ਸਖ਼ਤ ਨਿਖੇਧੀ ਕੀਤੀ ਗਈ। ਜਿਸ ਦੇ ਸੰਬੰਧ 'ਚ ਨੂਰਾ ਮਾਹੀ ਬੱਸ ਅੱਡਾ ਰਾਏਕੋਟ ਸਾਹਮਣੇ ਮੋਦੀ ਸਰਕਾਰ ਤੇ ਹਰਿਆਣਾ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਸੰਬੰਧੀ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਬੀ. ਕੇ. ਯੂ. (ਉਗਰਾਹਾਂ) ਦੇ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਤੇ ਬਲਾਕ ਰਾਏਕੋਟ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸੇਖੋਂ ਨੇ ਭਾਜਪਾ ਸਰਕਾਰ ਦੀ ਇਸ ਜਾਬਰ ਕਾਰਵਾਈ ਨੂੰ ਕਿਸਾਨਾਂ ਨਾਲ ਦੁਸ਼ਮਣਾਨਾ ਵਿਵਹਾਰ ਕਿਹਾ ਹੈ। ਸੱਤਾਧਾਰੀਆਂ ਦੀਆਂ ਕਿਸਾਨ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਕਾਰਨ ਜਾਨਲੇਵਾ ਕਰਜ਼ਿਆਂ ਥੱਲੇ ਦੱਬੇ ਹਜ਼ਾਰਾਂ ਦੀ ਤਾਦਾਦ 'ਚ ਖ਼ੁਦਕੁਸ਼ੀਆਂ ਦਾ ਸ਼ਿਕਾਰ ਹੋ ਚੁੱਕੇ ਅਤੇ ਲਗਾਤਾਰ ਹੋ ਰਹੇ ਕਿਸਾਨਾਂ ਦੀ ਐੱਮ. ਐੱਸ. ਪੀ. 'ਤੇ ਫ਼ਸਲਾਂ ਦੀ ਖ਼ਰੀਦ ਦੀ ਕਾਨੂੰਨੀ ਗਾਰੰਟੀ ਵਰਗੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਸ਼ਾਂਤਮਈ ਸੰਘਰਸ਼ ਦਾ ਸੰਵਿਧਾਨਕ ਹੱਕ ਖੋਹਣਾ ਇਸੇ ਦੁਸ਼ਮਣੀ ਦਾ ਸਬੂਤ ਬਣਦਾ ਹੈ। ਕਿਸਾਨ ਆਗੂਆਂ ਨੇ ਮੰਗ ਕੀਤੀ ਹੈ ਕਿ ਕਿਸਾਨਾਂ ਦੀਆਂ ਬਿਲਕੁਲ ਜਾਇਜ਼ ਤੇ ਹੱਕੀ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣ ਅਤੇ ਪੁਲਿਸ ਜਬਰ ਬੰਦ ਕੀਤਾ ਜਾਵੇ। ਸ਼ਾਂਤਮਈ ਸੰਘਰਸ਼ ਦਾ ਸੰਵਿਧਾਨਕ ਹੱਕ ਬਹਾਲ ਕੀਤਾ ਜਾਵੇ। ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਵਲੋਂ ਵੀ ਕਿਸਾਨਾਂ 'ਤੇ ਕੀਤੇ ਗਏ ਤਸ਼ੱਦਦ ਦੀ ਨਿਖੇਧੀ ਕੀਤੀ। ਇਸ ਮੌਕੇ ਮਨਜੀਤ ਸਿੰਘ ਬੁਢੇਲ, ਮਨਜੀਤ ਸਿੰਘ ਖ਼ਜ਼ਾਨਚੀ, ਪਾਲ ਸਿੰਘ ਬੁਢੇਲ, ਸਤਪਾਲ ਸਿੰਘ ਨੱਥੋਵਾਲ, ਗਗਨਦੀਪ ਸਿੰਘ ਬੁਰਜ ਹਰੀ ਸਿੰਘ, ਹਰੀ ਸਿੰਘ ਬੁਰਜ, ਬੇਅੰਤ ਸਿੰਘ ਬ੍ਰਹਮਪੁਰ, ਸ਼ਿੰਦਾ ਰਾਏਕੋਟ ਆਦਿ ਹਾਜ਼ਰ ਸਨ।


## ਪਿੰਡ ਡੱਲਾ ਤੋਂ ਗੋਪਾਲ ਸਿੰਘ ਪਾਲੀ ਸਰਪੰਚੀ ਦੀ ਚੋਣ ਜਿੱਤਿਆ

ਹਠੂਰ, 8 ਦਸੰਬਰ (ਜਸਵਿੰਦਰ ਸਿੰਘ ਛਿੰਦਾ)-ਪਿੰਡ ਡੱਲਾ ਵਿਖੇ ਅੱਜ ਹੋਈ ਸਰਪੰਚੀ ਚੋਣ ਦੌਰਾਨ ਗੋਪਾਲ ਸਿੰਘ ਪਾਲੀ ਸਰਪੰਚੀ ਚੋਣ ਜਿੱਤ ਗਿਆ ਹੈ। ਉਸ ਨੇ ਆਪਣੇ ਵਿਰੋਧੀ ਉਮੀਦਵਾਰ ਚੰਦ ਸਿੰਘ ਡੱਲਾ ਨੂੰ 400 ਤੋਂ ਉੱਪਰ ਵੋਟਾਂ ਦੇ ਫਰਕ ਨਾਲ ਹਰਾ ਕੇ ਇਹ ਚੋਣ ਜਿੱਤੀ ਹੈ। ਜਿਕਰਯੋਗ ਹੈ ਕਿ ਗੋਪਾਲ ਸਿੰਘ ਪਾਲੀ ਆਮ ਆਦਮੀ ਪਾਰਟੀ ਦਾ ਸਰਗਰਮ ਆਗੂ ਹੈ ਤੇ ਚੰਦ ਸਿੰਘ ਡੱਲਾ ਸ਼੍ਰੋਮਣੀ ਅਕਾਲੀ ਦਲ ਦਾ ਸੀਨੀਅਰ ਆਗੂ ਹੈ। ਪਹਿਲਾਂ ਹੋਈਆਂ ਪੰਚਾਇਤੀ ਚੋਣਾਂ ਦੇ ਐਨ ਇਕ ਦਿਨ ਪਹਿਲਾਂ ਇਹ ਚੋਣਾਂ ਰੱਦ ਕਰ ਦਿੱਤੀਆਂ ਸਨ ਤੇ ਹਾਈ ਕੋਰਟ ਦੇ ਹੁਕਮਾਂ ਨਾਲ ਇਕ ਅੱਜ ਦੁਬਾਰਾ ਕਰਵਾਈਆਂ ਗਈਆਂ ਸਨ। ਦੋਵਾਂ ਉਮੀਦਵਾਰਾਂ ਦਾ ਚੋਣ ਜਿੱਤਣ ਲਈ ਪੂਰਾ ਜ਼ੋਰ ਲੱਗਿਆ ਹੋਇਆ ਸੀ, ਜਿਥੇ ਚੋਣ ਪ੍ਰਚਾਰ ਦੇ ਆਖਰੀ ਦਿਨ ਅਕਾਲੀ ਲੀਡਰਸ਼ਿੱਪ ਨੇ ਚੰਦ ਸਿੰਘ ਡੱਲਾ ਦੇ ਹੱਕ 'ਚ ਪ੍ਰਚਾਰ ਕੀਤਾ ਸੀ, ਉੱਥੇ ਗੋਪਾਲ ਸਿੰਘ ਪਾਲੀ ਦੇ ਹੱਕ 'ਚ ਹਲਕਾ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਵੀ ਘਰ-ਘਰ ਜਾ ਕੇ ਚੋਣ ਪ੍ਰਚਾਰ ਕਰਦੇ ਨਜ਼ਰ ਆ ਰਹੇ ਸਨ।


ਗੋਪਾਲ ਸਿੰਘ ਪਾਲੀ

## ਪ੍ਰਧਾਨ ਮਨਜੀਤ ਸਿੰਘ ਹੰਬੜਾਂ ਕਾਂਗਰਸ ਦੇ ਨਗਰ ਨਿਗਮ ਚੋਣਾਂ ਲਈ ਬਾਘਾ ਪੁਰਾਣਾ ਦੇ ਇੰਚਾਰਜ ਨਿਯੁਕਤ

ਹੰਬੜਾਂ, 8 ਦਸੰਬਰ (ਮੇਜਰ ਹੰਬੜਾਂ)-ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਐੱਮ. ਪੀ. ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਅਤੀ ਨਜ਼ਦੀਕੀ ਪ੍ਰਧਾਨ ਮਨਜੀਤ ਸਿੰਘ ਹੰਬੜਾਂ ਨੂੰ ਕਾਂਗਰਸ ਪਾਰਟੀ ਨੇ ਨਗਰ ਨਿਗਮ ਚੋਣਾਂ ਲਈ ਬਾਘਾਪੁਰਾਣਾ ਦੇ ਸਕਰੀਨਿੰਗ ਕਮੇਟੀ ਦਾ ਇੰਚਾਰਜ ਨਿਯੁਕਤ ਕੀਤਾ ਹੈ, ਜਿਸ ਨਾਲ ਕਸਬਾ ਹੰਬੜਾਂ ਦੇ ਕਾਂਗਰਸੀ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਪ੍ਰਧਾਨ ਮਨਜੀਤ ਸਿੰਘ ਹੰਬੜਾਂ ਪਹਿਲਾ ਵੀ ਬਾਘਾ ਪੁਰਾਣਾ ਦੇ ਕੋਆਰਡੀਨੇਟਰ ਰਹਿ ਚੁੱਕੇ ਹਨ। ਇਸ ਨਿਯੁਕਤੀ ਨੂੰ ਲੈ ਕੇ ਖ਼ੁਸ਼ੀ ਪ੍ਰਗਟ ਕਰਦਿਆਂ ਪ੍ਰਧਾਨ ਹੰਬੜਾਂ ਨੇ ਆਖਿਆ ਕਿ ਮੈਂ ਧੰਨਵਾਦੀ ਹਾਂ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਜਿਨ੍ਹਾਂ ਨੇ ਮੇਰੇ 'ਤੇ ਭਰੋਸਾ ਕਰਕੇ ਮੈਨੂੰ ਨਗਰ ਨਿਗਮ ਕਮੇਟੀ ਚੋਣਾਂ ਲਈ ਬਾਘਾ ਪੁਰਾਣਾ ਤੋਂ ਇੰਚਾਰਜ ਨਿਯੁਕਤ ਕੀਤਾ ਹੈ। ਮੈਂ ਕਾਂਗਰਸ ਹਾਈਕਮਾਨ ਤੇ ਐੱਮ. ਪੀ. ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਦਿੱਤੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਨਗਰ ਨਿਗਮ ਚੋਣਾਂ 'ਚ ਪੜ੍ਹੇ-ਲਿਖੇ ਮਿਹਨਤੀ ਵਰਕਰਾਂ ਨੂੰ ਟਿਕਟਾਂ ਦੇਣ ਦੇ ਨਾਲ ਪਾਰਟੀ ਨੂੰ ਜਿਤਾਉਣ ਲਈ ਦਿਨ ਰਾਤ ਇਕ ਕਰ ਦੇਵਾਂਗਾ। ਸਾਬਕਾ ਵਿਧਾਇਕ ਕੁਲਦੀਪ ਸਿੰਘ ਵੈਦ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਕ੍ਰਿਸ਼ਨ ਕੁਮਾਰ ਬਾਵਾ, ਠੇਕੇਦਾਰ ਹਰਮੋਹਣ ਸਿੰਘ ਚੇਅਰਮੈਨ ਦੀ ਲੁਧਿਆਣਾ ਜ਼ਿਲ੍ਹਾ ਸਹਿਕਾਰੀ ਕਿਰਤ ਤੇ ਉਸਾਰੀ ਸਭਾਵਾਂ, ਸਾਬਕਾ ਸਰਪੰਚ ਪੰਚਾਇਤ ਮੈਂਬਰ ਬਲਵੀਰ ਸਿੰਘ ਕਲੇਰ, ਸਾਬਕਾ ਸਰਪੰਚ ਰਣਯੋਧ ਸਿੰਘ ਜੱਗਾ, ਸਾਬਕਾ ਸਰਪੰਚ ਇੰਦਰਜੀਤ ਸਿੰਘ ਸਲੇਮਪੁਰ, ਸਾਬਕਾ ਸਰਪੰਚ ਸੁਖਦੇਵ ਸਿੰਘ ਗੌਂਸਪੁਰ, ਸਾਬਕਾ ਸਰਪੰਚ ਹਰਦੀਪ ਸਿੰਘ ਲੱਕੀ ਖਹਿਰਾ ਸਮੇਤ ਕਾਂਗਰਸੀ ਵਰਕਰਾਂ ਨੇ ਪ੍ਰਧਾਨ ਮਨਜੀਤ ਸਿੰਘ ਹੰਬੜਾਂ ਨੂੰ ਵਧਾਈ ਦਿੱਤੀ ਤੇ ਪੰਜਾਬ ਕਾਂਗਰਸ ਪ੍ਰਧਾਨ ਲੁਧਿਆਣਾ ਐੱਮ. ਪੀ. ਅਮਰਿੰਦਰ ਸਿੰਘ ਰਾਜਾ ਵੜਿੰਗ 'ਤੇ ਕਾਂਗਰਸ ਹਾਈਕਮਾਨ ਦਾ ਧੰਨਵਾਦ ਕੀਤਾ।




30ਵੇਂ ਅਲੌਕਿਕ ਦਸਮੇਸ਼ ਪੈਦਲ ਮਾਰਚ ਦੀਆਂ ਤਿਆਰੀਆਂ ਸੰਬੰਧੀ ਗੁਰਦੁਆਰਾ ਸ੍ਰੀ ਮੈਹਦੇਆਣਾ ਸਾਹਿਬ ਵਿਖੇ ਸੇਵਾਦਾਰਾਂ ਦੀਆਂ ਡਿਊਟੀਆਂ ਲਾਉਣ ਸਮੇਂ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਲੱਖਾ, ਜਥੇਦਾਰ ਸੁਖਦੇਵ ਸਿੰਘ ਦੇਹੜਕਾ ਤੇ ਸਮੂਹ ਸੇਵਾਦਾਰ। ਤਸਵੀਰ : ਛਿੰਦਾ

## 30ਵੇਂ ਅਲੌਕਿਕ ਦਸਮੇਸ਼ ਪੈਦਲ ਮਾਰਚ ਦੀਆਂ ਤਿਆਰੀਆਂ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਾਈਆਂ

ਹਠੂਰ, 8 ਦਸੰਬਰ (ਜਸਵਿੰਦਰ ਸਿੰਘ ਛਿੰਦਾ)-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਨੂੰ ਛੱਡਣ ਦੇ ਇਤਿਹਾਸਕ ਪਲਾਂ ਤੇ ਵੈਰਾਗਮਈ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੈਹਦੇਆਣਾ ਸਾਹਿਬ ਦੇ ਬਾਨੀ ਮੁੱਖ ਸੇਵਾਦਾਰ ਸੱਚਖੰਡਵਾਸੀ ਬਾਬਾ ਜੋਰਾ ਸਿੰਘ ਲੱਖਾ ਦੇ ਉੱਦਮ ਸਦਕਾ ਪਿਛਲੇ 30 ਸਾਲਾਂ ਤੋਂ ਚੱਲਦੇ ਆ ਰਹੇ ਅਲੌਕਿਕ ਦਸਮੇਸ਼ ਪੈਦਲ ਮਾਰਚ ਦੇ ਇਸ ਵਾਰ ਆਰੰਭਤਾ ਨੂੰ ਲੈ ਕੇ ਗੁਰਦੁਆਰਾ ਸ੍ਰੀ ਮੈਹਦੇਆਣਾ ਸਾਹਿਬ ਵਿਖੇ ਮੌਜੂਦਾ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਲੱਖਾ ਦੀ ਅਗਵਾਈ ਹੇਠ ਸਮੂਹ ਸੇਵਾਦਾਰਾਂ ਦੀ ਅਹਿਮ ਮੀਟਿੰਗ ਹੋਈ। ਇਸ ਸੰਬੰਧੀ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਲੱਖਾ ਨੇ ਦੱਸਿਆ ਕਿ ਇਸ ਵਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 'ਕਿਲ੍ਹਾ ਛੋੜ ਦਿਵਸ' ਨੂੰ ਸਮਰਪਿਤ 30ਵਾਂ ਅਲੌਕਿਕ ਦਸਮੇਸ਼ ਪੈਦਲ ਮਾਰਚ ਸਜਾਇਆ ਜਾਵੇਗਾ। ਜੋ 6-7 ਪੋਹ (20-21 ਦਸੰਬਰ) ਦੀ ਰਾਤ ਨੂੰ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ, ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੀ ਸਰਪ੍ਰਸਤੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਾਬਾ ਸੁੱਚਾ ਸਿੰਘ ਕਾਰ ਸੇਵਾ ਵਾਲਿਆਂ ਦੇ ਸਹਿਯੋਗ ਅਤੇ ਪੰਜ ਪਿਆਰਿਆਂ ਦੀ ਯੋਗ ਅਗਵਾਈ ਵਿਚ ਹੋਣਗੇ। ਇਨ੍ਹਾਂ ਮਹਾਨ ਸਮਾਗਮਾਂ ਦੀਆਂ ਤਿਆਰੀਆਂ ਸੰਬੰਧੀ ਅੱਜ ਸਮੁੱਚੇ ਸੇਵਾਦਾਰਾਂ ਨਾਲ ਪਹਿਲੀ ਮੀਟਿੰਗ ਕੀਤੀ ਗਈ। ਜਿਸ 'ਚ ਸੰਗਤਾਂ ਦੇ ਸੁਝਾਅ ਅਨੁਸਾਰ ਇਸ ਨੂੰ ਹਰ ਪੱਖੋਂ ਬਿਹਤਰ ਬਣਾਉਣ ਲਈ ਵਿਚਾਰਾਂ ਕੀਤੀਆਂ ਗਈਆਂ। ਭਾਈ ਕੁਲਵੰਤ ਸਿੰਘ ਲੱਖਾ ਨੇ ਦੱਸਿਆ ਕਿ ਇਹ ਪੈਦਲ ਮਾਰਚ ਸ੍ਰੀ ਅਨੰਦਪੁਰ ਸਾਹਿਬ ਤੋਂ ਰਵਾਨਾ ਹੋ ਕੇ ਮਾਰਚ 15 ਦਿਨਾਂ ਬਾਅਦ 4 ਜਨਵਰੀ ਨੂੰ ਗੁਰਦੁਆਰਾ ਸ੍ਰੀ ਮੈਹਦੇਆਣਾ ਸਾਹਿਬ ਵਿਖੇ ਪੁੱਜੇਗਾ। ਇਸ ਮੌਕੇ ਜਥੇਦਾਰ ਸੁਖਦੇਵ ਸਿੰਘ ਦੇਹੜਕਾ, ਜਥੇਦਾਰ ਪ੍ਰਮਿੰਦਰ ਸਿੰਘ ਮਾਣੂੰਕੇ, ਨਛੱਤਰ ਸਿੰਘ ਭੰਮੀਪੁਰਾ, ਪ੍ਰਮਿੰਦਰ ਸਿੰਘ ਹੈਰਾ, ਗੁਰਪ੍ਰੀਤ ਸਿੰਘ ਐਤੀਆਣਾ, ਸਤਿਨਾਮ ਸਿੰਘ ਘਾਲਾ ਭੰਮੀਪੁਰਾ, ਲਖਵੀਰ ਸਿੰਘ ਭੰਮੀਪੁਰਾ, ਕਾਲਾ ਸਿੰਘ, ਬਲਜੀਤ ਸਿੰਘ ਚਚਰਾੜੀ, ਅਜੈਬ ਸਿੰਘ ਯੂ.ਪੀ., ਇੰਦਰਜੀਤ ਸਿੰਘ ਮਾਣੂੰਕੇ, ਕੁਲਦੀਪ ਸਿੰਘ, ਵਿੱਕੀ ਸਿੰਘ, ਬੰਸਾ ਸਿੰਘ, ਸੇਵਕ ਸਿੰਘ, ਵਜ਼ੀਰ ਸਿੰਘ, ਮਹਿੰਦਰ ਸਿੰਘ, ਬੱਗਾ ਸਿੰਘ, ਅਕਾਸ਼ ਸਿੰਘ, ਬਹਾਦਰ ਸਿੰਘ, ਹਰਜਿੰਦਰ ਸਿੰਘ ਗਰੇਵਾਲ, ਚਰਨ ਸਿੰਘ ਰਸੂਲਪੁਰ, ਹਰੀ ਸਿੰਘ ਬੁਰਜ਼, ਸਤਨਾਮ ਸਿੰਘ ਬੁਰਜ, ਪ੍ਰਗਟ ਸਿੰਘ ਆਲਮਗੀਰ, ਮਨਜਿੰਦਰ ਸਿੰਘ, ਲਵੀ ਸਿੰਘ, ਇੰਦਰਜੀਤ ਸਿੰਘ ਖੰਡੂਰ, ਕਾਕਾ ਸਿੰਘ ਮਾਣੂੰਕੇ, ਗੁਰਪ੍ਰੀਤ ਸਿੰਘ ਜੱਸੜ, ਇੰਦਰਪਾਲ ਸਿੰਘ ਲੱਖਾ, ਗੁਰਮੀਤ ਸਿੰਘ ਲੱਖਾ ਸੈਕਟਰੀ, ਬਲਵੀਰ ਸਿੰਘ ਲੱਖਾ, ਭਾਈ ਬਲਵਿੰਦਰ ਸਿੰਘ ਸ਼ਿੰਦਾ ਮੁੱਖ ਗ੍ਰੰਥੀ ਆਦਿ ਹਾਜ਼ਰ ਸਨ।

## ਪੰਜਾਬ ਸਰਕਾਰ ਸੁਖਬੀਰ 'ਤੇ ਹੋਏ ਹਮਲੇ ਦੀ ਜਾਂਚ ਕਰਵਾਏ-ਚੇਅ. ਉੱਪਲ, ਜਥੇ. ਗੁੜੇ, ਗੋਲਡੀ

ਚੌਂਕੀਮਾਨ, 8 ਦਸੰਬਰ (ਤੇਜਿੰਦਰ ਸਿੰਘ ਚੱਢਾ)-ਚੇਅਰਮੈਨ ਲਖਵਿੰਦਰ ਸਿੰਘ ਉੱਪਲ, ਜਥੇਦਾਰ ਜਰਨੈਲ ਸਿੰਘ ਗੁੜੇ ਤੇ ਯੂਥ ਆਗੂ ਅਵਨਿੰਦਰ ਸਿੰਘ ਗੋਲਡੀ ਸ਼ਹਿਰੀਆ ਤਲਵੰਡੀ ਨੇ ਕਿਹਾ ਕਿ ਸੂਬੇ ਦੇ ਸਾਬਕਾ ਉੱਪ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਹੋਇਆ ਹਮਲਾ ਮੰਦਭਾਗਾ ਹੈ ਤੇ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਦਾ ਮਾਹੌਲ ਖਰਾਬ ਕਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਪੰਜਾਬ ਦੇ ਵਾਸੀ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ ਤੇ ਗੁਰੂ ਘਰਾਂ 'ਚ ਅਜਿਹੀਆਂ ਘਟਨਾਵਾਂ ਨਹੀਂ ਹੋਣੀਆਂ ਚਾਹੀਦੀਆਂ। ਉਕਤ ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜਾਵਾਂ ਦਿੱਤੀਆਂ ਜਾਣ।


ਚੇਅਰਮੈਨ ਲਖਵਿੰਦਰ ਸਿੰਘ ਉੱਪਲ, ਜਥੇਦਾਰ ਜਰਨੈਲ ਸਿੰਘ ਗੁੜੇ ਤੇ ਅਵਨਿੰਦਰ ਸਿੰਘ ਗੋਲਡੀ


ਗਾਇਕਾ ਰਾਜਵਿੰਦਰ ਕੌਰ, ਗੀਤਕਾਰ ਬਲਵੀਰ ਮਾਨ ਜੰਡੀ ਵਾਲਾ ਤੇ ਭੁਪਿੰਦਰ ਸਿੰਘ ਸੇਖੋਂ। ਅਜੀਤ ਤਸਵੀਰ

## ਗਾਇਕਾ ਰਾਜਵਿੰਦਰ ਕੌਰ ਪਟਿਆਲਾ ਦੀ ਐਲਬਮ 'ਨੱਚ ਲੈ ਦਿਉਰਾ' ਨੂੰ ਕੀਤਾ ਰਿਲੀਜ਼

ਭੂੰਦੜੀ, 8 ਦਸੰਬਰ (ਕੁਲਦੀਪ ਸਿੰਘ ਮਾਨ)-ਪ੍ਰਸਿੱਧ ਗਾਇਕਾ ਰਾਜਵਿੰਦਰ ਕੌਰ ਪਟਿਆਲਾ ਦੀ ਐਲਬਮ 'ਨੱਚ ਲੈ ਦਿਉਰਾ' ਨੂੰ ਰਿਲੀਜ਼ ਕੀਤਾ ਗਿਆ। ਜਿਸ 'ਚ ਪ੍ਰਸਿੱਧ ਗੀਤਕਾਰ ਦੇਵ ਥਰੀਕੇ ਦੇ ਸਾਗਿਰਦ ਗੀਤਕਾਰ ਬਲਵੀਰ ਮਾਨ ਜੰਡੀ ਵਾਲਾ ਦੇ ਗੀਤ 'ਨੱਚ ਲੈ ਦਿਉਰਾ', ਫ਼ਿਲਮੀ ਗੀਤਕਾਰ ਸਾਧੂ ਸਿੰਘ ਦਿਲਸ਼ਾਦ ਦੇ ਲਿਖੇ 'ਮੁੰਡਾ ਦਿਲ ਮੰਗਦਾ', ਭੁਪਿੰਦਰ ਸਿੰਘ ਸੇਖੋਂ ਬਾਰਨਹਾੜਾ, ਜਗਵੰਤ ਥਰੀਕੇ ਵਾਲੇ ਆਦਿ ਦੇ ਲਿਖੇ ਦੇ ਗੀਤ ਸ਼ਾਮਿਲ ਹਨ। ਜਿਸ ਨੂੰ ਪ੍ਰਸਿੱਧ ਸੰਗੀਤਕਾਰ ਰਾਜਵੀਰ ਰਾਜੂ ਸੰਗਰੂਰ ਦੁਆਰਾ ਸੁਰਾਂ ਨਾਲ ਸ਼ਿੰਗਾਰਿਆ ਹੈ। ਇਸ ਮੌਕੇ ਬਲਵੀਰ ਮਾਨ ਤੇ ਭੁਪਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬੀ ਗਾਇਕਾਂ ਨੂੰ ਨੈਤਿਕ ਕਦਰਾਂ ਕੀਮਤਾਂ ਨੂੰ ਧਿਆਨ 'ਚ ਰੱਖ ਕੇ ਸੱਭਿਆਚਾਰਕ ਗੀਤ ਲਿਖਣੇ ਅਤੇ ਗਾਉਣੇ ਚਾਹੀਦੇ ਹਨ। ਗੀਤਾਂ ਦਾ ਵੀਡੀਓ ਜਲੰਧਰ ਦੂਰਦਰਸ਼ਨ ਦੇ ਚਰਚਿਤ ਪ੍ਰੋਗਰਾਮ 'ਛਣਕਾਰ' ਦੇ ਨਿਰਮਾਤਾ ਬਿੱਟੂ ਅਰੋੜਾ ਵਲੋਂ ਫਿਲਮਾਏ ਗਾਏ ਹਨ। ਇਸ ਮੌਕੇ ਪੰਜਾਬੀ ਗੀਤਕਾਰ ਸਭਾ ਪੰਜਾਬ ਦੇ ਪ੍ਰਧਾਨ ਤੇ ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ, ਸਟੇਟ, ਨੈਸ਼ਨਲ ਐਵਾਰਡੀ ਸ਼੍ਰੋਮਣੀ ਲੇਖਕ ਅਮਰੀਕ ਸਿੰਘ ਤਲਵੰਡੀ, ਗੀਤਕਾਰ ਨਛੱਤਰ ਸਹੋਤਾ ਤੇ ਹੋਰ ਸੱਭਿਆਚਾਰਕ ਆਗੂਆਂ ਨੇ ਵਧਾਈ ਦਿੰਦਿਆਂ ਕਿਹਾ ਕਿ ਇਹ ਐਲਬਮ ਮੇਲਿਆਂ ਸ਼ਿੰਗਾਰ ਬਣਕੇ ਬੁਲੰਦੀਆਂ ਛੂਹੇਗੀ।


ਪ੍ਰਭ ਆਸਰਾ ਨਿਆਸਰਿਆਂ ਦਾ ਘਰ ਫੇਰੂਰਾਈ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਕੈਨੇਡਾ ਨੂੰ ਸਨਮਾਨਿਤ ਕਰਨ ਸਮੇਂ। ਅਜੀਤ ਤਸਵੀਰ

## ਪ੍ਰਭ ਆਸਰਾ ਨਿਆਸਰਿਆਂ ਦਾ ਘਰ ਫੇਰੂਰਾਈ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਕੈਨੇਡਾ ਸਨਮਾਨਿਤ

- **ਮਨੁੱਖਤਾ ਦੀ ਸੇਵਾ ਹੀ ਸਭ ਤੋਂ ਉੱਤਮ ਸੇਵਾ ਹੈ-ਹਰਜੀਤ ਸਿੰਘ ਰਾਏ**

ਰਾਏਕੋਟ, 8 ਦਸੰਬਰ (ਬਲਵਿੰਦਰ ਸਿੰਘ ਲਿੱਤਰ)-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਪਿੰਡ ਫੇਰੂਰਾਈ ਸੰਸਥਾ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਕੈਨੇਡਾ ਨੂੰ ਡੀ. ਏ. ਵੀ. ਸਕੂਲ ਜਗਰਾਉਂ ਦੇ ਸਾਲਾਨਾ ਪ੍ਰੋਗਰਾਮ ਦੌਰਾਨ ਦੀਨ-ਦੁੱਖੀਆਂ ਦੀ ਮਦਦ ਕਰਨ ਤੇ ਨਿਆਸਰੇ ਬਜ਼ੁਰਗਾਂ ਦੀ ਸੇਵਾ-ਸੰਭਾਲ ਕਰਨ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਵੇਦ ਵਰਤ ਪਲਾਹ ਨੇ ਦੱਸਿਆ ਕਿ ਹਰਜੀਤ ਸਿੰਘ ਰਾਏ ਕੈਨੇਡਾ ਵਲੋਂ ਮੰਦਬੁੱਧੀ ਬੱਚਿਆਂ ਤੇ ਬਜ਼ੁਰਗਾਂ ਦੀ ਸਾਂਭ-ਸੰਭਾਲ ਲਈ ਪ੍ਰਭ ਆਸਰਾ ਨਿਆਸਰਿਆਂ ਦਾ ਘਰ ਫੇਰੂਰਾਈ ਸਥਾਪਿਤ ਕੀਤਾ ਹੋਇਆ ਹੈ, ਜਿੱਥੇ ਉਹ ਵੱਡੀ ਗਿਣਤੀ 'ਚ ਬੇਸਹਾਰਾ ਲੋਕਾਂ ਦੀ ਬੜੀ ਸੁਚੱਜੇ ਢੰਗ ਨਾਲ ਸੇਵਾ-ਸੰਭਾਲ ਕਰ ਰਹੇ ਹਨ। ਇਸ ਮੌਕੇ ਹਰਜੀਤ ਸਿੰਘ ਰਾਏ ਨੇ ਆਖਿਆ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਉੱਤਮ ਸੇਵਾ ਹੈ, ਇਸ ਲਈ ਸਾਨੂੰ ਆਪਣੀ ਨੇਕ ਕਮਾਈ 'ਚੋਂ ਦਸਵੰਧ ਜ਼ਰੂਰ ਕੱਢਣਾ ਚਾਹੀਦਾ ਹੈ ਤਾਂ ਜੋ ਲੋੜਵੰਦਾਂ ਦੀ ਮਦਦ ਹੋ ਸਕੇ। ਉਨ੍ਹਾਂ ਅੱਗੇ ਦੱਸਿਆ ਕਿ ਡੀ. ਏ. ਵੀ. ਸਕੂਲ ਦੇ ਬੱਚਿਆਂ ਵਲੋਂ ਵੀ ਸਮੇਂ-ਸਮੇਂ 'ਤੇ ਇਸ ਆਸ਼ਰਮ ਵਿਚ ਜਾ ਕੇ ਬਜ਼ੁਰਗਾਂ ਦੀ ਸੇਵਾ ਕੀਤੀ ਜਾਂਦੀ ਹੈ।

ਇਸ ਮੌਕੇ ਹਰਜੀਤ ਸਿੰਘ ਰਾਏ ਕੈਨੇਡਾ ਵਲੋਂ ਡੀ. ਏ. ਵੀ. ਸਕੂਲ ਦੇ ਪੜ੍ਹਾਈ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ 'ਤੇ ਨੈਸ਼ਨਲ ਪੱਧਰੀ ਖੇਡਾਂ 'ਚ ਜਿੱਤਾਂ ਦਰਜ ਕਰਨ ਵਾਲੇ ਬੱਚਿਆਂ ਨੂੰ 21 ਹਜ਼ਾਰ ਰੁਪਏ ਦੀ ਇਨਾਮ ਰਾਸ਼ੀ ਸੌਂਪੀ ਗਈ। ਇਸ ਮੌਕੇ ਡਾ. ਸਤੀਸ਼ ਕੁਮਾਰ ਸ਼ਰਮਾ ਸਾਬਕਾ ਨਿਰਦੇਸ਼ਕ, ਮੈਡਮ ਇੰਦੂ ਪੁਰੀ, ਡਾ. ਮਦਨ ਮਿੱਤਲ, ਰਾਜ ਕੁਮਾਰ ਭੱਲਾ, ਅਸ਼ਵਨੀ ਸਿੰਗਲਾ ਆਦਿ ਹਾਜ਼ਰ ਸਨ।

# ਮੁੱਲਾਂਪੁਰ-ਦਾਖਾ ਕੌਂਸਲ ਚੋਣ ਲਈ ਕਾਂਗਰਸ ਨੇ ਮੀਟਿੰਗ ਬੁਲਾਈ

- **ਕੈਪਟਨ ਸੰਧੂ ਦੁਆਰਾ ਸ਼ਹਿਰ 'ਚ ਕਰਵਾਏ ਵਿਕਾਸ ਨੂੰ ਬੂਰ ਪਵੇਗਾ-ਕਾਮਿਲ ਅਮਰ ਸਿੰਘ**

ਮੁੱਲਾਂਪੁਰ-ਦਾਖਾ, 8 ਦਸੰਬਰ (ਨਿਰਮਲ ਸਿੰਘ ਧਾਲੀਵਾਲ)-ਚੋਣ ਕਮਿਸ਼ਨ ਕਮਲ ਚੌਧਰੀ ਵਲੋਂ ਲੁਧਿਆਣਾ ਸਮੇਤ 5 ਜ਼ਿਲ੍ਹਿਆਂ ਲਈ ਨਗਰ ਨਿਗਮ ਚੋਣਾਂ ਬੁੱਕਲ 'ਚੋਂ ਭੇਲੀ ਭੰਨਣ ਵਾਂਗ ਹੋ ਨਿੱਬੜੀਆਂ। ਸੋਮਵਾਰ ਸ਼ੁਰੂ ਹੋਣ ਜਾ ਰਹੀ ਨਾਮਜ਼ਦਗੀ ਪ੍ਰਕਿਰਿਆ ਦੇ ਐਲਾਨ ਬਾਅਦ ਅੱਜ ਤੱਥ-ਪੜ੍ਹੱਥੀ 'ਚ ਪੰਜਾਬ ਕਾਂਗਰਸ ਦੇ ਜਨਰਲ ਸਕੱਤਰ (ਇੰਚਾਰਜ) ਕੈਪਟਨ ਸੰਦੀਪ ਸੰਧੂ ਵਲੋਂ ਨਗਰ ਕੌਂਸਲ ਮੁੱਲਾਂਪੁਰ-ਦਾਖਾ ਦੀ ਤਿਆਰੀ ਲਈ ਬੁਲਾਈ ਮੀਟਿੰਗ 'ਚ ਕਾਂਗਰਸ ਪਾਰਟੀ ਦੇ ਹਲਕਾ ਰਾਏਕੋਟ ਇੰਚਾਰਜ/ਮੁੱਲਾਂਪੁਰ-ਦਾਖਾ ਕੌਸ਼ਲ ਚੋਣ ਪ੍ਰਕਿਰਿਆ ਪੂਰੀ ਕਰਵਾਉਣ ਲਈ ਕਾਂਗਰਸ ਵਲੋਂ ਚੋਣ ਇੰਚਾਰਜ ਕਾਮਿਲ ਅਮਰ ਸਿੰਘ ਬੋਪਾਰਾਏ ਉਚੇਚਾ ਪਹੁੰਚੇ। ਮੀਟਿੰਗ 'ਚ ਕਾਂਗਰਸ ਪਾਰਟੀ ਦੇ ਲੁਧਿਆਣਾ ਦਿਹਾਤੀ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ, ਮਨਪ੍ਰੀਤ ਸਿੰਘ ਈਸੇਵਾਲ, ਬਲਾਕ ਕਾਂਗਰਸ ਪ੍ਰਧਾਨ ਪ੍ਰੇਮ ਸਿੰਘ ਸੇਖੋਂ, ਪ੍ਰਧਾਨ ਤੇਲੂ ਰਾਮ ਬਾਂਸਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪ੍ਰਭਦੀਪ ਸਿੰਘ ਨਾਰੰਗਵਾਲ, ਮਾਰਕਫੈੱਡ ਪੰਜਾਬ ਡਾਇਰੈਕਟਰ ਕਰਨੈਲ ਸਿੰਘ ਗਿੱਲ, ਸੈਂਕੜੇ ਹੋਰ ਟਕਸਾਲੀ ਕਾਂਗਰਸੀ ਮੌਜੂਦ ਰਹੇ। ਮੁੱਲਾਂਪੁਰ-ਦਾਖਾ ਕੌਂਸਲ ਚੋਣਾਂ ਲਈ ਕਾਂਗਰਸ ਪਾਰਟੀ ਟਿਕਟ ਦੇ ਦਾਅਵੇਦਾਰ ਤੇ ਸਮਰਥਕਾਂ ਦੀ ਭਰਵੀ ਇਕੱਤਰਤਾ ਨੂੰ ਸੰਬੋਧਨ ਸਮੇਂ ਕੌਂਸਲ ਚੋਣਾਂ ਦੇ ਇੰਚਾਰਜ ਕਾਮਿਲ ਅਮਰ ਸਿੰਘ ਬੋਪਾਰਾਏ ਦੱਸਿਆ ਕਿ ਅਦਰਸ਼ ਚੋਣ ਜ਼ਾਬਤਾ ਅੱਜ ਹੀ ਸ਼ੁਰੂ ਹੋ ਗਿਆ, ਕੱਲ੍ਹ ਤੋਂ ਸ਼ੁਰੂ ਹੋਣ ਵਾਲੀ ਨਾਮਜ਼ਦਗੀ ਪ੍ਰਕਿਰਿਆ, ਪੜਤਾਲ, ਵਾਪਸੀ ਲੈਣ ਦੀ ਤਰੀਕ 14 ਦਸੰਬਰ ਤੇ 21 ਦਸੰਬਰ ਨੂੰ ਵੋਟਾਂ ਪੈਣਗੀਆ। ਕਾਮਿਲ ਬੋਪਾਰਾਏ ਨੇ ਕਿਹਾ ਕਿ ਹਲਕਾ ਦਾਖਾ 'ਚ ਕਾਂਗਰਸ ਪਾਰਟੀ ਦੇ ਇੰਚਾਰਜ ਕੈਪਟਨ ਸੰਦੀਪ ਸੰਧੂ ਦੀ ਅਗਵਾਈ ਹੇਠ ਸੰਸਦ ਚੋਣ ਵਾਂਗ ਮੁੱਲਾਂਪੁਰ-ਦਾਖਾ ਕੌਂਸਲ ਅਧੀਨ 13 ਵਾਰਡਾਂ 'ਚ ਕਾਂਗਰਸ ਧੜੱਲੇ ਨਾਲ ਚੋਣ ਜਿੱਤੇਗੀ। ਕਾਮਿਲ ਬੋਪਾਰਾਏ ਸਮੁੱਚੀ ਇਕੱਤਰਤਾ ਨੂੰ ਇਸ਼ਾਰਾ ਕੀਤਾ ਕਿ ਪੂਰੇ ਚੋਣ ਪ੍ਰੋਗਰਾਮ ਨੂੰ ਧੜੇਬੰਦੀ ਦੇ ਪ੍ਰਛਾਵੇ ਤੋਂ ਦੂਰ ਰੱਖਿਆ ਜਾਵੇ, ਕਿਉਂਕਿ ਆਪਾਂ ਪਿਛਲੀ ਜਿੱਤ ਵਾਂਗ ਨਵੀਂ ਜਿੱਤ ਦਰਜ ਕਰਵਾਉਣੀ ਹੈ। ਮੇਜਰ ਸਿੰਘ ਮੁੱਲਾਂਪੁਰ ਨੇ ਜੁੜੀ ਇਕੱਤਰਤਾ ਨੂੰ ਸੰਬੋਧਨ ਸਮੇਂ ਦੱਸਿਆ ਕਿ ਕਾਂਗਰਸ ਦੀ ਸਰਕਾਰ ਹੁੰਦਿਆਂ ਮੁੱਲਾਂਪੁਰ-ਦਾਖਾ ਨਗਰ ਕੌਂਸਲ ਅਧੀਨ ਕੁੱਲ ਵਾਰਡਾਂ 'ਚ ਕੈਪਟਨ ਸੰਦੀਪ ਸੰਧੂ ਜੋ ਵਿਕਾਸ ਕਰਵਾਏ ਇਕ ਮਿਸਾਲ ਹੈ, ਕੈਪਟਨ ਸੰਧੂ ਦੀ ਮਿਹਨਤ ਤੇ ਇਮਾਨਦਾਰੀ ਨਾਲ ਵੋਟਰਾਂ ਨਾਲ ਕੀਤੇ ਵਾਅਦੇ ਇਕ-ਇਕ ਕਰਕੇ ਪੂਰਾ ਕਰਨ ਲਈ ਹੁਣ ਸ਼ਹਿਰੀ ਵੋਟਰ ਕੈਪਟਨ ਸੰਧੂ ਦੀ ਅਗਵਾਈ 'ਚ ਸਾਰੇ ਕੌਂਸਲਰਾਂ ਦੀ ਜਿੱਤ ਦਰਜ ਕਰਵਾਏਗਾ। ਪ੍ਰਭਦੀਪ ਸਿੰਘ ਨਾਰੰਗਵਾਲ ਨੇ ਸ਼ਹਿਰ ਦੇ ਸਰਬਪੱਖੀ ਵਿਕਾਸ ਤੇ ਖ਼ੁਸ਼ਹਾਲੀ ਲਈ ਕਾਂਗਰਸ ਪਾਰਟੀ ਉਮੀਦਵਾਰਾਂ ਨੂੰ ਜਿਤਾਉਣ ਦੀ ਅਪੀਲ ਕੀਤੀ। ਇਸ ਮੌਕੇ ਤਰਸੇਮ ਕੌਰ ਮਾਨ, ਹਰਵਿੰਦਰ ਕੌਰ ਸਿੱਧੂ, ਸਰਬਜੋਤ ਕੌਰ ਬਰਾੜ, ਖੁਸਵਿੰਦਰ ਕੌਰ, ਚਰਨਜੀਤ ਚੰਨੀ ਅਰੋੜਾ, ਸੁਭਾਸ ਨਾਗਰ (ਕੌਂਸ਼ਲਰ), ਸੁਰਿੰਦਰ ਕੇ. ਡੀ. (ਕੌਂਸਲਰ), ਆਸ਼ੂ ਬਾਂਸਲ, ਬਲਬੀਰ ਚੰਦ (ਕੌਂਸਲਰ), ਆੜ੍ਹਤੀ ਪਿੰਕੂ ਜਿੰਦਲ, ਸਤੀਸ਼ ਮੁੱਲਾਂਪੁਰ, ਹਿੰਮਤ ਮੰਡੀ ਮੁੱਲਾਂਪੁਰ, ਈਸ਼ਵਰ, ਕੌਂਸਲਰ ਹੈਪੀ ਜਸਵਿੰਦਰ ਸਿੰਘ, ਬਲਦੇਵ ਸਿੰਘ, ਦਿਲਬਾਗ ਸਿੰਘ ਜੀਤੂ, ਦਵਿੰਦਰ ਨਾਗਰ, ਪਰਮਿੰਦਰ ਸਿੰਘ ਧਾਲੀਵਾਲ, ਹੋਰ ਮੌਜੂਦ ਸਨ।


ਮੁੱਲਾਂਪੁਰ-ਦਾਖਾ ਕੌਂਸਲ ਚੋਣਾਂ ਨੂੰ ਲੈ ਕੇ ਕਾਂਗਰਸ ਦੀ ਪਲੇਠੀ ਮੀਟਿੰਗ ਬਾਅਦ ਕੈਪਟਨ ਸੰਦੀਪ ਸੰਧੂ, ਮੇਜਰ ਸਿੰਘ ਮੁੱਲਾਂਪੁਰ, ਤੇਲੂ ਰਾਮ ਬਾਂਸਲ, ਪ੍ਰੇਮ ਸਿੰਘ ਸੇਖੋਂ, ਮਨਪ੍ਰੀਤ ਸਿੰਘ ਈਸੇਵਾਲ, ਹਰਵਿੰਦਰ ਕੌਰ, ਸਰਬਜੋਤ ਕੌਰ ਬਰਾੜ, ਹੋਰ ਚੋਣ ਲਈ ਨਿਯੁਕਤ (ਇੰਚਾਰਜ) ਕਾਮਲ ਅਮਰ ਸਿੰਘ ਬੋਪਾਰਾਏ, ਪ੍ਰਭਜੋਤ ਸਿੰਘ ਨਾਰੰਗਵਾਲ ਦੇ ਸਨਮਾਨ ਸਮੇਂ। ਤਸਵੀਰ : ਕ੍ਰਿਪਾਲ ਹੰਬੜਾਂ

### ਉਮੀਦਵਾਰ ਅੱਜ ਹੀ ਐਲਾਨੇਗੀ ਕਾਂਗਰਸ

ਨਗਰ ਕੌਂਸਲ ਚੋਣਾਂ ਲਈ ਕਾਂਗਰਸ ਪਾਰਟੀ ਵਲੋਂ ਸ਼ਹਿਰ ਦੇ 13 ਵਾਰਡਾਂ 'ਚ ਐਲਾਨੇ ਜਾਣ ਵਾਲੇ ਉਮੀਦਵਾਰਾਂ ਬਾਰੇ ਸਵਾਲ 'ਚ ਕੈਪਟਨ ਸੰਦੀਪ ਸੰਧੂ, ਕਾਮਿਲ ਅਮਰ ਸਿੰਘ ਬੋਪਾਰਾਏ, ਮੇਜਰ ਸਿੰਘ ਮੁੱਲਾਂਪੁਰ ਨੇ ਦੱਸਿਆ ਕਿ ਅੱਜ ਦੇਰ ਸ਼ਾਮ ਦਾਣਾ ਮੰਡੀ ਮੁੱਲਾਂਪੁਰ ਕਾਂਗਰਸ ਦੇ ਮੁੱਖ ਦਫ਼ਤਰ (ਸਕਰੀਨਿੰਗ ਟੀਮ) ਕੋਰ ਕਮੇਟੀ ਚੋਣ ਦੀ ਮੀਟਿੰਗ ਹੋਣ ਜਾ ਰਹੀ ਹੈ, ਪਾਰਟੀ ਨਾਲ ਜੁੜੇ ਤੇ ਸਿਟਿੰਗ ਲਈ ਪਹਿਲ ਹੋਵੇਗੀ। ਜਿਕਰਯੋਗ ਹੈ ਕਿ ਮੁੱਲਾਂਪੁਰ ਦਾਖਾ ਨਗਰ ਕੌਂਸਲ ਚੋਣਾਂ ਦੀ ਜਿੱਤ ਲਈ ਕਾਂਗਰਸ ਪਾਰਟੀ ਵਲੋਂ ਪੂਰੀ ਤਿਆਰੀ ਖਿੱਚੀ ਹੋਈ ਹੈ।